**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ**
http://sssb.punjab.gov.in/

ਇਸ਼ਤਿਹਾਰ ਨੰ: 01 ਆਫ 2021

## ਜਨਤਕ ਨਿਯੁਕਤੀਆਂ

## ਮਹੱਤਵਪੂਰਨ ਮਿਤੀਆਂ :

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | 14/01/2021 |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | 14/01/2021 |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ** | : | 11/02/2021 (**ਸ਼ਾਮ ਦੇ** 5 **ਵਜੇ ਤੱਕ**) |
| **ਫੀਸ ਭਰਨ ਦੀ ਆਖਰੀ ਮਿਤੀ** | : | 15/02/2021 |

## ਜਾਣ-ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**ਮਾਲ ਪਟਵਾਰੀ, Zilladars and Irrigation Booking Clerk (Patwari)** ਦੀਆਂ **ਕੁੱਲ** 1152 **ਅਸਾਮੀਆਂ ਦੀ ਭਰਤੀ ਪ੍ਰਕ੍ਰਿਆ**-2021

**ਇਸ੍ਤਿਹਾਰ ਨੰ.** 01 /2021

## ਡਿਟੇਲਡ ਸੂਚਨਾ

ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰਾਂ, ਅਸਾਮੀਆਂ ਦਾ ਵਰਗੀਕਰਨ ਅਤੇ ਵਿਭਾਗੀ ਨਿਯਮਾਂ ਅਨੁਸਾਰ ਗਰੁੱਪ-ਸੀ ਦੀਆਂ ਮਾਲ ਪਟਵਾਰੀ, **Zilladars and Irrigation Booking Clerk(Patwari)** ਦੀਆਂ **ਕੁੱਲ** 1152 **ਅਸਾਮੀਆਂ** ਭਰਨ ਲਈ ਬੋਰਡ ਦੀ ਵੈਬਸਾਈਟ http://sssb.punjab.gov.in/ ਤੇ ਯੋਗ ਉਮੀਦਵਾਰਾਂ ਤੋਂ ਮਿਤੀ 14/01/2021 ਤੋਂ 11/02/2021 ਸ਼ਾਮ 05-00 ਵਜੇ ਤੱਕ ਆਨਲਾਈਨ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

2. **Total number of posts of Patwari (Revenue)- 1090, Zilladars-32+04 and Irrigation Booking Clerk(Patwari) -26 = 1152**

| Post Name – Patwari (Revenue)- 1090, Zilladars-32+04 and Irrigation Booking Clerk (Patwari) -26<br>Total Vacancies-1152 | | | | | | | | |
|---|---|---|---|---|---|---|---|---|
| **Sr. No.** | **Category** | **Patwari (Revenue) in Dept. of Revenue** | **Irrigation Booking Clerk(Patwari) in PWRMDC** | | **Zilladars in Dept. of Water Resources** | | **Zilladars in PWRMDC** | |
| A | B | C | D | | E | | F | |
| | | | Men | Women | Men | Women | Men | Women |
| 1 | General | **406** | **08** | **02** | **04** | **02** | **01** | **01** |
| 2 | Schedule Caste (M & B) | **117** | **02** | **01** | **04** | **01** | **01** | **--** |
| **3** | Schedule Caste (Ramdasia & others) | **91** | **01** | **01** | **05** | | **----** | |
| 4 | Backward Class | **114** | **01** | **01** | **03** | **01** | | |
| 5 | ESM General | **93** | **01** | | **04** | | | |
| 6 | ESM (SC-M&B) | **27** | **01** | | **01** | | | |
| 7 | ESM (SC-R&O) | **26** | | | | | | |
| 8 | ESM (BC) | **21** | | | **01** | | | |
| 9 | Sports General | **20** | | | **01** | | | |
| 10 | Sports (SC-M&B) | **10** | **01** | | **01** | | | |
| 11 | Sports (SC-RO) | **06** | | | | | | |
| 12 | Physical Handicapped (Ortho) | **29** | | | | | | |
| 13 | Physical Handicapped (VH) | | | | **01** | | | |
| 14 | Physical Handicapped (HH) | | | | **01** | | | |
| 15 | Physical Handicapped (MI or MD) | | | **01** | | | | |
| 16 | Freedom Fighter | **13** | **03** | | | | | |
| 17 | Economically Weaker Section (E.W.S.) | **117** | **01** | **01** | **01** | **01** | **01** | |
| | **Total** | **Total-1090** | **Total-26** | | **Total-32** | | **Total-04** | |

**Note:- 1** ਅਸਾਮੀਆਂ ਦੀ ਉਕਤ ਕੈਟਾਗਰੀ ਵਾਈਜ਼ ਵੰਡ ਸਬੰਧਤ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰਾਂ ਅਨੁਸਾਰ ਦਿੱਤੀ ਗਈ ਹੈ। ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗਾਂ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਤਬਦੀਲੀ ਹੋ ਸਕਦੀ ਹੈ।

**Note:- 2 Total number of vacancies are mentioned in Column No. C of Revenue Patwari above and out of total vacancies 33% reservation will be given to female candidates as per Govt. of Punjab Notification bearing no. G.S.R.87/Const./Arts.309 and 15/2020 dated 21.10.2020**

ਉਕਤ ਨੋਟੀਫਿਕੇਸ਼ਨ ਦੇ ਸਨਮੁੱਖ ਮਾਲ ਪਟਵਾਰੀ ਦੀਆਂ ਅਸਾਮੀਆਂ ਵਿੱਚ ਔਰਤਾਂ ਲਈ ਰਾਖਵੀਆਂ ਆਸਾਮੀਆਂ ਦੀ ਕੈਟਾਗਰੀਵਾਈਜ਼ ਵੰਡ ਸਬੰਧੀ ਉਮੀਦਵਾਰਾਂ ਨੂੰ ਬੋਰਡ ਦੀ ਵੈੱਬਸਾਈਟ ਰਾਹੀਂ ਬਾਅਦ ਵਿੱਚ ਸੂਚਿਤ ਕੀਤਾ ਜਾਵੇਗਾ।

**Note:- 3** ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਪਰ ਸਾਰਣੀ ਵਿੱਚ ਦਰਜ ਅਸਾਮੀਆਂ ਦੀ ਕੈਟਾਗਰੀਵਾਈਜ਼ ਵੰਡ ਅਨੁਸਾਰ ਹੀ **Preference** ਭਰੀ ਜਾਵੇ, **Preference** ਸਬੰਧਤ ਕੈਟਾਗਰੀ ਵਿੱਚ ਅਸਾਮੀ ਦੀ ਉਪਲਬਧਤਾ ਅਨੁਸਾਰ ਹੀ ਵਿਚਾਰੀ ਜਾਵੇਗੀ।

**Note:- 4** ਉਮੀਦਵਾਰ ਦੀ ਮੈਰਿਟ/ **Preference** ਅਨੁਸਾਰ ਉਸ ਨੂੰ ਮਿਲੀ ਆਸਾਮੀ ਤੋਂ ਬਾਅਦ ਰਹਿੰਦੀਆਂ ਅਸਾਮੀਆਂ ਤੇ ਉਸ ਦਾ ਕੋਈ ਕਲੇਮ ਨਹੀਂ ਰਹੇਗਾ।

3. ਆਸਾਮੀ ਦਾ ਪੇਅ ਸਕੇਲ

| ਲੜੀ ਨੰ. | ਅਸਾਮੀ ਦਾ ਨਾਮ | ਵਿਭਾਗ ਦਾ ਨਾਮ | ਪੇਅ ਸਕੇਲ **(Minium Pay Admissible)** |
|---|---|---|---|
| 1. | ਪਟਵਾਰੀ (ਮਾਲ) | ਮਾਲ ਵਿਭਾਗ ਪੰਜਾਬ | ਵਿੱਤ ਵਿਭਾਗ ਦੇ ਪੱਤਰ ਨੰ. 7/51/2020-3ਵਿਪ੍ਰ/1098, ਮਿਤੀ 19.10.2020 ਦੇ ਸਨਮੁੱਖ ਮੁੱਢਲਾ ਤਨਖਾਹ ਸਕੇਲ/ਪੇਅ ਮੈਟ੍ਰਿਕਸ-19900/- ਮਿਲਣਯੋਗ ਹੋਵੇਗਾ।<br>ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ: 7/204/2012-4ਐਫ.ਪੀ.1/66, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।<br>**Note:- The selected candidates shall undergo one year training in Patwar School and Six month training in field during this period of training only stipend @ 5000/- per month is admissible as per Government Memo. No. 25/40/13-CH.3/19688, dated 14-12-2015.** |
| 2. | **Irrigation Booking Clerk(Patwari)** | **Punjab Water Resources Management and Development Corporation (PWRMDC)** | ਵਿੱਤ ਵਿਭਾਗ ਦੇ ਪੱਤਰ ਨੰ. 7/116/2020-1ਵਿਪ1/1268, ਮਿਤੀ 03.12.2020 ਦੇ ਸਨਮੁੱਖ ਮੁੱਢਲਾ ਤਨਖਾਹ ਸਕੇਲ/ਪੇਅ ਮੈਟ੍ਰਿਕਸ-19900/- ਮਿਲਣਯੋਗ ਹੋਵੇਗਾ।<br>ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ: 7/204/2012-4ਐਫ.ਪੀ.1/66, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।<br>Note:- Before joining the candidate shall have to get three months training of Canal Patwari and pass Patwar examination as per Schedule-1 of Appendix-B & Annexure-A of Schedule-1 of Appendix-B of PWRMDC Employees service Bye Laws. (As per **PWRMDC Service Rules 1977)** |
| 3. | **Zilladars** | **Punjab Water Resources Management and Development Corporation (PWRMDC)** | ਵਿੱਤ ਵਿਭਾਗ ਦੇ ਪੱਤਰ ਨੰ. 7/116/2020-1ਵਿਪ1/1268, ਮਿਤੀ 03.12.2020 ਦੇ ਸਨਮੁੱਖ ਮੁੱਢਲਾ ਤਨਖਾਹ ਸਕੇਲ/ਪੇਅ ਮੈਟ੍ਰਿਕਸ-35,400 /- ਮਿਲਣਯੋਗ ਹੋਵੇਗਾ।<br>7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ- 35,400 (ਪੇ-ਮੈਟਰਿਕਸ ਲੈਵਲ-6)<br>Note:- Before joining the candidate shall have to get three months training of Canal Patwari and pass Patwar examination as per Schedule-II to Appendix-B of PWRMDC Employees service Bye Laws. (As per |

| | | | |
|---|---|---|---|
| | | | **PWRMDC Service Rules 1977)** |
| 4. | **Zilladars** | **Dept. of Water Resources** | ਵਿੱਤ ਵਿਭਾਗ ਦੇ ਪੱਤਰ ਨੰ. 7/116/2020-1ਵਿਪ1/1268, ਮਿਤੀ 03.12.2020 ਦੇ ਸਨਮੁੱਖ ਮੁੱਢਲਾ ਤਨਖਾਹ ਸਕੇਲ/ਪੇਅ ਮੈਟ੍ਰਿਕਸ- 35,400 /- ਮਿਲਣਯੋਗ ਹੋਵੇਗਾ।<br>7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ- 35,400 (ਪੇ-ਮੈਟਰਿਕਸ ਲੈਵਲ-6)<br>( The Punjab Public Works Department Irrigation Branch Zilladars' Service Class-III Rules 1955 will be applicable.) |

4. ਵਿੱਦਿਅਕ ਯੋਗਤਾ (**Education Qualification**) :-

| ਲੜੀ ਨੰ. | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ |
|---|---|---|
| 1. | ਮਾਲ ਪਟਵਾਰੀ in Department of Revenue | 1. The applicant should possess a Bachelor's degree in any discipline from a recognized university.<br>2. Possesses at least 120 Hours' Course with working experience in the use of Personal Computer or Information Technology in Office Productivity Applications or Desktop Publishing Applications from a recognized institution or a reputed institution, which is ISO 9001 certified; OR Possesses at least 120 Hours' working experience in Computer Applications from a recognized institution or a Certificate of 'O' Level from the Department of Electronic Accreditation of Computer Course (in short DOEACC).<br>3. He must have passed matriculation with Punjabi as one of the subject or its equivalent level.<br>**The applicant should fulfill the condition of qualification on the last date of receipt of applications.** |
| 2. | **Irrigation Booking Clerk(Patwari)** (Punjab Water Resources Management and Development Corporation (PWRMDC) | |
| 3. | **Zilladars (Dept. of Water Resources)** | **Having passed a Degree Examination or Equivalent from a recognised University/Institute with Second Division.**<br>**The applicant should fulfill the condition of qualification on the last date of receipt of applications.** |
| 4. | **Zilladars** (Punjab Water Resources Management and Development Corporation) (PWRMDC) | |

ਨੋਟ:- ਉਪਰ ਦਰਜ ਸਾਰੀਆਂ ਅਸਾਮੀਆਂ ਲਈ **THE PUNJAB CIVIL SERVICES (GENERAL AND COMMON CONDITIONS OF SERVICE) RULES, 1994**, ਨਿਯਮ 17 ਦੇ ਸਨਮੁੱਖ ਮੈਟਰਿਕ ਜਾਂ ਇਸ ਦੇ ਬਰਾਬਰ ਦੇ ਪੱਧਰ ਪ੍ਰੀਖਿਆ ਵਿੱਚ ਪੰਜਾਬੀ ਪਾਸ ਹੋਣਾ ਲਾਜ਼ਮੀ ਹੈ।ਜਿਸ ਦੀ ਇਬਾਰਤ ਹੇਠ ਅਨੁਸਾਰ ਹੈ:-

"117. Knowledge of Punjabi Language - No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language, which may be specified by the Government from time to time:"

## 5. ਕੈਟਾਗਰੀ ਕੋਡ (Category codes):

| Sr. No. | Category | Code |
|---|---|---|
| 1. | General | 101 |
| 2. | EWS (Gen.) | 102 |
| 3. | S.C (M & B) | 103 |
| 4. | S.C (Ramdasia & others) | 104 |
| 5. | B.C | 105 |
| 6. | ESM Gen. (Self ) | 106 |
| 7. | ESM Gen. (Dependent) | 107 |
| 8. | ESM SC (M&B) (Self ) | 108 |
| 9. | ESM SC. (M&B) (Dependent) | 109 |
| 10. | ESM SC (R&O) (Self ) | 110 |
| 11. | ESM SC. (R&O) (Dependent) | 111 |
| 12. | ESM BC (Self ) | 112 |
| 13. | ESM BC (Dependent) | 113 |
| 14. | Sports Gen. | 114 |
| 15. | Sports (SC-M&B) | 115 |
| 16. | Sports (SC-R&O) | 116 |
| 17. | Physical Handicapped (Ortho) | 117 |
| 18. | Physical Handicapped (VH) | 118 |
| 19. | Physical Handicapped (HH) | 119 |
| 20. | Physical Handicapped (MI or MD) | 120 |
| 21. | Freedom Fighter | 121 |

General - ਆਮ ਵਰਗ, EWS (Gen.) - ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ), SC (M&B) - ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ), SC (R&O) - ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ), BC - ਪੱਛੜੀ ਸ਼੍ਰੇਣੀ, ESM Gen. (Self) - ਸਾਬਕਾ ਫੌਜੀ–ਆਮ ਵਰਗ (ਖੁਦ), ESM Gen. (Dependent) ਸਾਬਕਾ ਫੌਜੀ–ਆਮ ਵਰਗ (ਆਸ਼ਰਿਤ), ESM SC (Self) - ਸਾਬਕਾ ਫੌਜੀ–ਅਨੁਸੂਚਿਤ ਜਾਤੀ (ਖੁਦ), ESM SC (Dependent) - ਸਾਬਕਾ ਫੌਜੀ–ਅਨੁਸੂਚਿਤ ਜਾਤੀ (ਆਸ਼ਰਿਤ), ESM BC (Self) - ਸਾਬਕਾ ਫੌਜੀ–ਪੱਛੜੀ ਸ਼੍ਰੇਣੀ (ਖੁਦ), ESM BC (Dependent) - ਸਾਬਕਾ ਫੌਜੀ–ਪੱਛੜੀ ਸ਼੍ਰੇਣੀ (ਆਸ਼ਰਿਤ), Sports Gen. - ਖਿਡਾਰੀ (ਆਮ ਵਰਗ), Sports (SC-M&B) - ਖਿਡਾਰੀ (ਅਨੁਸੂਚਿਤ ਜਾਤੀ– ਮਜ਼ਬੀ/ਬਾਲਮੀਕੀ), Sports (SC-R&O) - ਖਿਡਾਰੀ (ਅਨੁਸੂਚਿਤ ਜਾਤੀ– ਰਮਦਾਸੀਆ ਤੇ ਹੋਰ) Physical Handicapped (Ortho) - ਦਿਵਿਆਂਗਜਨ (ਆਰਥੋ), Physical Handicapped (VH)- ਦਿਵਿਆਂਗਜਨ (ਨੇਤਰਹੀਣ/ਅੰਸ਼ਿਕ ਨੇਤਰਹੀਣ), Physical Handicapped (HH)- ਦਿਵਿਆਂਗਜਨ (ਗੂੰਗੇ ਤੇ ਬੋਲੇ), Physical Handicapped (MI or MD)- ਦਿਵਿਆਂਗਜਨ (Mental illness or Multiple disabllity), Freedom Fighter - ਸੁਤੰਤਰਤਾ ਸੰਗਰਾਮੀ।

ਨੋਟ : (ੳ) **ESM Gen., ESM SC** ਅਤੇ **ESM BC** ਦੀਆਂ ਅਸਾਮੀਆਂ **ESM (Self )** ਉਮੀਦਵਾਰਾਂ ਵਿੱਚੋਂ ਹੀ ਭਰੀਆਂ ਜਾਣਗੀਆਂ। **ESM (Self )** ਉਮੀਦਵਾਰ ਉਪਲੱਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ **ESM (Dependent)** ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(ਅ) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟਿਫੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ :-

**In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-**

**"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."**

(ੲ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਾਪਤ ਮੰਗ-ਪੱਤਰ ਅਤੇ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗਾਂ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ **Corrigendum/notice** ਜਾਰੀ ਕਰਦੇ ਹੋਏ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

ਨੋਟ:- ਮਾਲ ਤੇ ਪੁਨਰਵਾਸ ਵਿਭਾਗ (ਮੁਰੱਬਾਬੰਦੀ ਸ਼ਾਖਾ) ਦੇ ਪੱਤਰ ਨੰ. 25/145/2017-ਮਬ3/7269, ਮਿਤੀ 09.06.2020 ਦੇ ਅਨੁਸਾਰ, ਪੰਜਾਬ ਸਰਕਾਰ ਵਲੋਂ ਆਪਣੇ ਪੱਤਰ ਨੰ. 10/26/95-5ਐਸ.ਐਸ./1252, ਮਿਤੀ 02.05.2017 ਰਾਹੀਂ ਅੰਗਹੀਣ ਕੋਟੇ ਬਾਰੇ ਸਿੱਧੀ ਭਰਤੀ ਸਬੰਧੀ ਸਪੱਸ਼ਟ ਕੀਤਾ ਹੈ ਕਿ **The reservation made for the categories of handicapped persons mentioned above is interchangeable amongst themselves, if candidates belonging to a category are not available or if the nature of vacancies in an office is such that a given category of persons cannot be employed.**

ਉਕਤ ਹਦਾਇਤਾਂ ਦੇ ਸਨਮੁੱਖ ਮਾਲ ਵਿਭਾਗ ਵਿੱਚ ਮਾਲ ਪਟਵਾਰੀ ਦੇ ਕੰਮ ਨੂੰ ਮੁੱਖ ਰੱਖਦਿਆਂ ਇਸ ਅਸਾਮੀ ਲਈ **ਕੇਵਲ ਔਰਥੋ ਹੈਂਡੀਕੈਪਡ** ਵਿਅਕਤੀ ਹੀ ਯੋਗ ਹਨ।

## 6. ਉਮਰ ਸੀਮਾ :

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2021 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(i) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(iii) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(iv) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of EX-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(v) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vi) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 dated 23.04.1984 will be relaxed up to 40 years.

(vii) ਪੰਜਾਬ ਸਰਕਾਰ ਦੇ ਪੱਤਰ ਨੰ. 9/56/2020-5ਪੀ.ਪੀ.1/33 ਮਿਤੀ 12.01.2021 ਰਾਹੀਂ ਪੰਜਾਬ ਸਰਕਾਰ ਅਧੀਨ ਠੇਕੇ ਦੇ ਅਧਾਰ ਤੇ ਕੰਮ ਕਰ ਰਹੇ ਵੱਖ-ਵੱਖ ਕੈਟਾਗਰੀਆਂ ਦੇ ਕਰਮਚਾਰੀਆਂ ਨੂੰ ਇਸ ਪੱਤਰ ਵਿੱਚ ਦਰਜ ਸ਼ਰਤਾਂ ਪੂਰੀਆਂ ਕਰਨ ਦੀ ਸੂਰਤ ਵਿੱਚ ਇਸ ਭਰਤੀ ਲਈ ਦਿੱਤੀ ਗਈ ਉਪਰਲੀ ਉਮਰ ਸੀਮਾ ਵਿੱਚ ਲਾਗੂ ਹੋਵੇਗੀ।

## 7. ਫੀਸ ਸਬੰਧੀ ਵੇਰਵਾ :

| | |
|---|---|
| ਆਮ ਵਰਗ (GEN) | - 1000/- ਰੁਪਏ |
| ਐਸ.ਸੀ. (SC)/ਬੀ.ਸੀ. (BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | -250/- ਰੁਪਏ |
| ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) | -200/- ਰੁਪਏ |
| ਅੰਗਹੀਣ (Physical Handicapped) | -500/- ਰੁਪਏ |

ਨੋਟ : **ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

## 8. ਰਾਖਵਾਂਕਰਨ/ Reservation ਸਬੰਧੀ ਮਹੱਤਵਪੂਰਨ ਹਦਾਇਤਾਂ :

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖੇਗਾ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iii) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਕੌਂਸਲਿੰਗ ਉਪਰ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(iv) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(v) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਇਹ ਸਰਟੀਫਿਕੇਟ ਸਮਰੱਥ ਅਥਾਰਟੀ ਵੱਲੋਂ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(vi) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਉਮੀਦਵਾਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

## 09. ਚੋਣ ਵਿਧੀ :

(i) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ **ਦੋ ਚਰਣਾਂ ਵਿੱਚ Ojective type ਲਿਖਤੀ ਪ੍ਰੀਖਿਆ** ਲਈ ਜਾਏਗੀ।**ਪਹਿਲੇ ਚਰਣ** ਦੀ ਪ੍ਰੀਖਿਆ ਵਿੱਚੋਂ ਕੈਟਾਗਰੀਵਾਈਜ਼ ਅਸਾਮੀਆਂ ਦੇ ਉਪਰਲੀ ਮੈਰਿਟ ਦੇ 10 ਗੁਣਾ ਉਮੀਦਵਾਰਾਂ ਦੀ **ਦੂਸਰੇ ਚਰਣ ਦੀ ਪ੍ਰੀਖਿਆ** ਲਈ ਜਾਵੇਗੀ।

(ii) ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ **ਦੂਸਰੇ ਚਰਣ ਦੀ ਲਿਖਤੀ ਪ੍ਰੀਖਿਆ** ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਹੀ ਸਾਂਝੀ ਮੈਰਿਟ ਸੂਚੀ (Common Marit List) ਤਿਆਰ ਕੀਤੀ ਜਾਏਗੀ।

(iii) ਉਪਰੋਕਤ ਦਰਸਾਈਆਂ ਅਸਾਮੀਆਂ ਵਾਸਤੇ ਵਿਚਾਰੇ ਜਾਣ ਲਈ ਹਰ ਸ਼੍ਰੇਣੀ ਦੇ ਉਮੀਦਵਾਰ ਲਈ ਲਿਖਤੀ ਪ੍ਰੀਖਿਆ ਵਿੱਚੋਂ ਘੱਟ ਤੋਂ ਘੱਟ 40 % (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨੇ ਜ਼ਰੂਰੀ ਹਨ। ਲਿਖਤੀ ਪ੍ਰੀਖਿਆ ਵਿੱਚ 40 % (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਕਿਸੇ ਵੀ ਸਥਿਤੀ ਵਿੱਚ ਵਿਚਾਰਿਆ ਨਹੀਂ ਜਾਵੇਗਾ।

(iv) ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਂਉਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ

ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੱਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

(v) ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਹੀ ਅਸਾਮੀਆਂ ਦਾ 3 ਗੁਣਾ ਜਾਂ ਬੋਰਡ ਵੱਲੋਂ ਲਏ ਗਏ ਫੈਸਲੇ ਅਨੁਸਾਰ ਉਮੀਦਵਾਰ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ, ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

(vi) ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਤੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਏਗਾ।

10. **ਲਿਖਤੀ ਪ੍ਰੀਖਿਆ :**

ਹਰ ਪੱਖੋਂ ਮੁਕੰਮਲ ਆਨਲਾਈਨ ਪ੍ਰਤੀਬੇਨਤੀਆਂ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਪੈਟਰਨ (Pattern) ਬਾਅਦ ਵਿੱਚ ਬੋਰਡ ਦੀ ਵੈਬਸਾਈਟ ਤੇ ਅਪਲੋਡ ਕੀਤਾ ਜਾਵੇਗਾ। ਇਸ ਸਬੰਧੀ ਉਮੀਦਵਾਰ ਲਗਾਤਾਰ ਬੋਰਡ ਦੀ ਵੈਬਸਾਈਟ ਚੈੱਕ ਕਰਦੇ ਰਹਿਣ। ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਕਰਕੇ ਉਮੀਦਵਾਰਾਂ ਵੱਲੋਂ (Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

11. **ਅਪਲਾਈ ਕਰਨ ਦੀ ਵਿਧੀ :**

(i) ਉਮੀਦਵਾਰ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 14.01.2021 ਤੋਂ 11.02.2021 ਸ਼ਾਮ 5:00 ਵਜ਼ੇ ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜ਼ੀ ਰੱਦ ਸਮਝੀ ਜਾਵੇਗੀ।

**(ii)** ਉਮੀਦਵਾਰ ਆਨਲਾਈਨ ਅਪਲਾਈ ਕਰਦੇ ਸਮੇਂ ਸਭ ਤੋਂ ਪਹਿਲਾਂ ਅਪਲਾਈ ਕਰਨ ਦੀਆਂ ਹਦਾਇਤਾਂ ਨੂੰ ਧਿਆਨਪੂਰਵਕ ਪੜ੍ਹਦੇ ਹੋਏ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਆਪਣੀ ਨਿੱਜੀ ਡਿਟੇਲ ਭਰਕੇ Save ਕਰਨਗੇ, ਜਿਸ ਨਾਲ ਰਜਿਸਟ੍ਰੇਸ਼ਨ ਨੰਬਰ ਜਨਰੇਟ ਹੋ ਜਾਵੇਗਾ। ਇਸ ਉਪਰੰਤ ਉਮੀਦਵਾਰ ਆਪਣੀ ਪਾਸਪੋਰਟ ਸਾਈਜ਼ ਫੋਟੋਗ੍ਰਾਫ, ਹਸਤਾਖ਼ਰ ਅਤੇ ਲੋੜੀਂਦੇ ਵਿੱਦਿਅਕ ਯੋਗਤਾ ਜਿਵੇਂ ਕਿ ਮੈਟਰਿਕ/ਦਸਵੀਂ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ ਅਤੇ ਉਪਰੋਕਤ ਅਸਾਮੀਆਂ ਲਈ ਨਿਰਧਾਰਿਤ ਵਿੱਦਿਅਕ ਯੋਗਤਾ- ਗਰੈਜੂਏਸ਼ਨ (Education Qualification i.e. Graduation) ਦਾ ਵਿੱਦਿਅਕ ਯੋਗਤਾ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਉਪਰੰਤ ਆਨਲਾਈਨ ਫਾਰਮ ਸਬਮਿਟ

ਕਰਨ ਤੋਂ ਪਹਿਲਾਂ ਉਮੀਦਵਾਰ ਕਿਸੇ ਵੀ ਤਰਾਂ ਦੀ ਸੋਧ (ਨਾਮ, ਪਿਤਾ ਦਾ ਨਾਮ, ਜਨਮ ਮਿਤੀ ਅਤੇ ਕੈਟਾਗਰੀ ਨੂੰ ਛੱਡ ਕੇ) ਕਰ ਸਕਦੇ ਹਨ। ਇੱਕ ਵਾਰ ਆਨਲਈਨ ਫਾਰਮ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ ਉਸ ਵਿੱਚ ਕਿਸੇ ਵੀ ਤਰਾਂ ਦੀ ਸੋਧ/ਤਬਦੀਲੀ ਨਹੀਂ ਕਰ ਸਕੇਗਾ ਅਤੇ ਮੁਕੰਮਲ Online Application form submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

**ਨੋਟ:- ਫੀਸ ਭਰਨ ਲਈ ਉਮੀਦਵਾਰ ਨੂੰ Login ਕਰਨ ਲਈ Application Number ਅਤੇ ਜਨਮ ਮਿਤੀ DDMMYYYY ਫਾਰਮੈਟ ਵਿੱਚ ਭਰਨੀ ਹੋਵੇਗੀ।**

(iii) ਉਮੀਦਵਾਰ Online Application form submit ਕਰਨ ਉਪਰੰਤ ਵੈੱਬਸਾਈਟ ਤੇ ਮੌਜੂਦ Make Payment Link ਦੇ ਅਧੀਨ *****PAY FEE****** ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਫੀਸ ਅਦਾ ਕਰਨ ਦੀ ਆਖਰੀ ਮਿਤੀ 15.02.2021 ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking, Credit Card, Debit Card, Rupay Card, PhonePay, Google Pay, Paytem or Bank Challan ਆਦਿ ਕਿਸੇ ਵੀ Mode ਰਾਹੀਂ ਫੀਸ ਜਮ੍ਹਾਂ ਕਰਵਾ ਸਕਣਗੇ।ਜੇਕਰ ਕਿਸੇ ਕਾਰਨ ਉਮੀਦਵਾਰ ਦੀ ਦੀ ਆਨਲਾਈਨ ਫੀਸ ਜਮ੍ਹਾਂ ਨਹੀਂ ਹੋ ਪਾਂਦੀ ਤਾਂ ਉਸ ਦੀ ਅਰਜੀ ਰੱਦ ਸਮਝੀ ਜਾਵੇਗੀ।

(iv) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application form ਸਵੀਕਾਰ ਕੀਤਾ ਜਾਵੇਗਾ।ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application form generate/download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜ਼ਿੰਮੇਵਾਰ ਹੋਣਗੇ।

(v) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ਼ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Online Application form ਸਬਮਿਟ ਕਰਨ ਉਰਪੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫ਼ਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(vi) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਆਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(vii) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (Valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(viii) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਪ੍ਰਵਾਨ ਨਹੀਂ ਕੀਤੀ ਜਾਵੇਗੀ।

**12. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ :**

ਹੇਠ ਲਿਖੇ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ :-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ,
(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,
(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ,
(iv) ਅਧੀਨ ਸੇਵਾਵਾਂ ਚੋਣ ਬੋਰਡ, ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,
(v) ਲੋੜੀਂਦੀ ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,
(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ,
(vii) ਲਿਖਤੀ ਪ੍ਰੀਖਿਆ ਵਿੱਚ 40 % ( 40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਵਿਚਾਰਿਆ ਨਹੀਂ ਜਾਵੇਗਾ।

**13. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ :**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ ਸਰਟੀਫਿਕੇਟ ਯੂ.ਜੀ.ਸੀ. ਦੁਆਰਾ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਮਾਨਤਾ ਪ੍ਰਾਪਤ ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।
(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ ਪੰਜਾਬ ਸਿਵਲ ਸੇਵਾਵਾਂ (Common conditions) ਰੂਲਜ਼, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ: 7/204/2012-4ਐਫ.ਪੀ.1/66, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਉਪਰੋਕਤ ਦਰਸਾਏ ਵਿਭਾਗਾਂ ਦੀਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ।

(v) ਇਨ੍ਹਾਂ ਅਸਾਮੀਆਂ ਦੀ ਕੈਟਗਾਰੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਵਿਭਾਗਾਂ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਨੀਤੀ ਸਬੰਧੀ ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economical Weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰ: 1/3/2019-ਆਰ.ਸੀ.1/120, ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ

ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਜਾਰੀ ਕੀਤੀ ਜਾਣ ਵਾਲੀ ਹਰ ਹਦਾਇਤ/ਨਿਯਮ ਦੇ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਏਗੀ। ਉਮੀਦਵਾਰ ਵੱਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਏਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਨੂੰ ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਾਵਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਅਤੇ ਅਸਾਮੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਅਤੇ ਅਸਾਮੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ/ਅਸਾਮੀ ਕੋਡ ਵਿੱਚ ਅਸਾਮੀਆਂ ਉਸ ਵਰਗ ਵਿੱਚ ਅਸਾਮੀਆਂ ਦੀ ਉਪਲੱਬਤਾ ਅਧੀਨ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਏਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀ ਕੋਡ ਅਨੁਸਾਰ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ। ਇੰਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ ਅਤੇ ਉਸਦੀ ਪਾਤਰਤਾ ਸਿੱਧ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ।

(xvii) ਉਮੀਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀ ਲਈ ਨਹੀਂ ਵਿਚਾਰਿਆ ਜਾਏਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਏਗਾ।

(xviii)ਯੋਗਤਾ ਦੀ ਬਰਾਬਰਤਾ ਵਿਵਾਦ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xix) ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਜਾਏਗਾ।

(xx) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।

(xxi) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxii) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxiii)ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗਾਂ ਦੀ ਹੋਵੇਗੀ।

(xxiv)ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ ਆਉਣ ਤੇ email ਰਾਹੀਂ helpsssb@puncom.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਬੋਰਡ ਦੇ ਦਫਤਰੀ ਫੋਨ ਨੰ: 0172-2298000 (Extension No. 5106 and 5107) ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxvi) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ
**ਸਕੱਤਰ**
**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਸਥਾਨ : ਐਸ.ਏ.ਐਸ. ਨਗਰ**
**ਮਿਤੀ** : 14.01.2021